**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰਿੰਦਰ ਅਰੋੜਾ, (70090-57985)
ਮਕਾਨ ਨੰ:478, 11.60 ਏਕੜ ਕਲੋਨੀ,
ਅਰਬਨ ਐਸਟੇਟ, ਫੇਸ-1, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ,
ਪੰਜਾਬ ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ:1930 ਆਫ 2018**

**ਹਾਜ਼ਰ:-**

1) ਅਪੀਲਕਰਤਾ ਵਲ਼ੋ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-11-2017, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰੇਸ਼ਨ ਸੀਰੀਜ ਪੀ.ਬੀ.11-ਸੀ.ਜੇ. ਅਤੇ ਪੀ.ਬੀ.11-ਸੀ.ਐਫ. ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-07-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 18-03-2019 ਤੇ ਇਹ ਕੇਸ ਸ਼੍ਰੀ ਏ.ਐਸ.ਚੰਦੂਰਾਈਆਂ, ਰਾਜ ਸੂਚਨਾ ਕਮਿਸ਼ਨਰ, ਪੰਜਾਬ (ਹੁਣ ਸੇਵਾ ਨਿਵਿਰਤ) ਜੀ ਵੱਲੋਂ ਸੁਣਿਆ ਗਿਆ ਸੀ। ਪੇਸ਼ੀ ਸਮੇਂ ਹਾਜ਼ਰ ਸ਼੍ਰੀ ਵਰਿੰਦਰ ਅਰੋੜਾ, ਅਪੀਲਕਰਤਾ, ਨੇ ਕਿਹਾ ਸੀ ਕਿ ਉਸ ਨੂੰ ਸੀ.ਡੀ. ਰਾਹੀਂ ਸੂਚਨਾ ਦਿੱਤੀ ਗਈ ਹੈ ਅਤੇ ਉਸ ਦੀ ਆਰ.ਟੀ.ਆਈ. ਮੁਤਾਬਿਕ ਮੰਗੇ ਗਏ ਦਸਤਾਵੇਜ਼ਾਂ ਦੀਆਂ ਕਾਪੀਆਂ ਨਹੀਂ ਦਿੱਤੀਆਂ ਗਈਆਂ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਜਿਸ ਕਾਰਨ ਇਸ ਕੇਸ ਵਿੱਚ ਕੋਈ ਕਾਰਵਾਈ ਨਹੀਂ ਹੋਈ ਸੀ।

3. ਅੱਜ ਪੇਸ਼ੀ ਤੇ ਦੋਵਾਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ ਅਤੇ ਲੋਕ ਸੂਚਨਾ ਅਧਿਕਾਰੀ ਨੂੰ ਨਿੱਜੀ ਪੱਧਰ ਤੇ ਹਾਜ਼ਰ ਹੋਣ ਦੀ ਹਦਾਇਤ ਵੀ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਤਿੰਦਰ ਪਾਲ ਸਿੰਘ ਰੰਧਾਵਾ, (98559-85266)
ਪੁੱਤਰ ਸ੍ਰੀ ਨਿਧਾਨ ਸਿੰਘ ਰੰਧਾਵਾ,
ਪਿੰਡ ਤੇ ਡਾਕਖਾਨਾ ਨਿਊ ਸੂੱਲਰ,
105 ਐਨ.ਆਈ.ਐੱਸ. ਪਟਿਆਲਾ ਦੇ ਪਿੱਛੇ।
ਤਹਿਸੀਲ ਤੇ ਜ਼ਿਲ੍ਹਾ ਪਟਿਆਲਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਡਿਪਟੀ ਕਮਿਸ਼ਨਰ ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 2160/2018**

**ਹਾਜ਼ਰ:-**

1) ਸ੍ਰੀ ਜਤਿੰਦਰ ਪਾਲ ਸਿੰਘ ਰੰਧਾਵਾ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਗੁਰਮਿੰਦਰ ਸਿੰਘ, ਜੂਨੀਅਰ ਸਹਾਇਕ (98722-00920 ਤਹਿਸੀਲ ਦਫ਼ਤਰ ਪਟਿਆਲਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-03-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 01-09-2015 ਦੀ ਪੜਤਾਲ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-07-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 01-07-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਗੁਰਮਿੰਦਰ ਸਿੰਘ, ਜੂਨੀਅਰ ਸਹਾਇਕ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 02 ਜੁਲਾਈ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੀਪਕ ਵੜੈਚ, (98888-49211)
ਚੈਂਬਰ ਨੰ:820, ਜ਼ਿਲ੍ਹਾ ਕੋਰਟ ਕੰਪਲੈਕਸ,
ਜ਼ਿਲ੍ਹਾ ਅਦਾਲਤਾਂ, ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਭੋਂ ਪ੍ਰਾਪਤੀ ਕੁਲੈਕਟਰ, ਪ੍ਰੰਬਧਕੀ ਕੰਪਲੈਕਸ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 2395 /2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਵਿੰਦਰ ਸਿੰਘ,ਕਾਨੂੰਗੋ (ਰਿਟਾਇਰਡ) (94789-45932)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ- ਭੋਂ ਪ੍ਰਾਪਤੀ ਕੁਲੈਕਟਰ, ਪ੍ਰੰਬਧਕੀ ਕੰਪਲੈਕਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਬੋਂਕਰ ਡੋਗਰਾਂ ਅਤੇ ਮਜਾਰਾ ਖੁਰਦ, ਤਹਿਸੀਲ ਲੁਧਿਆਣਾ (ਪੱਛਮੀ), ਜ਼ਿਲ੍ਹਾ ਲੁਧਿਆਣਾ ਵਿੱਚ ਲਾਡੋਵਾਲ-ਬਾਈਪਾਸ ਦੇ ਵਿਕਾਸ ਦੇ ਮੰਤਵ ਲਈ ਕੌਮੀ ਸ਼ਾਹਮਾਰਗ ਐਕਟ, 1956 ਤਹਿਤ ਭੋਂ ਪ੍ਰਾਪਤੀ ਲਈ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 30-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-09-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਵਿੰਦਰ ਸਿੰਘ, ਕਾਨੂੰਗੋ (ਰਿਟਾਇਰਡ) ਨੇ ਪੱਤਰ ਨੰ:205-206, ਮਿਤੀ 01-07-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਪੱਤਰ ਨੰ:361/ਐਸ.ਡੀ.ਸੀ-।।।, ਮਿਤੀ 21-01-2019 ਅਤੇ ਪਹਿਲੀ ਅਪੀਲੀ ਅਥਾਰਟੀ ਦੇ ਦਫ਼ਤਰ ਵੱਲੋ ਪੱਤਰ ਨੰ:51, ਮਿਤੀ 20-09-2018 ਰਾਹੀਂ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 02 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੀਪਕ ਵੜੈਚ, (98888-49211)
ਚੈਂਬਰ ਨੰ:820, ਜ਼ਿਲ੍ਹਾ ਕੋਰਟ ਕੰਪਲੈਕਸ,
ਜ਼ਿਲ੍ਹਾ ਅਦਾਲਤਾਂ, ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਉਪ ਰਜਿਸਟਰਾਰ,
ਲੁਧਿਆਣਾ (ਪੱਛਮੀ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ (ਪੱਛਮੀ), ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 2396 /2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ- ਭੌਂ ਪ੍ਰਾਪਤੀ ਕੁਲੈਕਟਰ, ਪ੍ਰੰਬਧਕੀ ਕੰਪਲੈਕਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਬੋਂਕਰ ਡੋਗਰਾਂ ਅਤੇ ਮਜਾਰਾ ਖੁਰਦ, ਤਹਿਸੀਲ ਲੁਧਿਆਣਾ (ਪੱਛਮੀ), ਜ਼ਿਲ੍ਹਾ ਲੁਧਿਆਣਾ ਵਿਖੇ ਫਾਰਚੂਨ ਆਰ. ਰਿਹਾਇਸ਼ੀ ਕਲੋਨੀ ਵਿਖੇ ਪਲਾਟਾਂ ਦੀ ਕਨਵੇਂਸ/ਰਜਿਸਟਰੇਸ਼ਨ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 30-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-09-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 28-11-2019 ਤੇ ਇਹ ਕੇਸ ਸ਼੍ਰੀ ਏ.ਐਸ.ਚੰਦੁਰਾਈਆਂ, ਰਾਜ ਸੂਚਨਾ ਕਮਿਸ਼ਨਰ, ਪੰਜਾਬ (ਹੁਣ ਸੇਵਾ ਨਿਵਿਰਤ) ਜੀ ਵੱਲੋਂ ਸੁਣਿਆ ਗਿਆ ਸੀ। ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਮਨਪ੍ਰੀਤ ਸਿੰਘ ਕਲਰਕ ਨੇ ਪੱਤਰ ਨੰ:943,ਮਿਤੀ 27-11-2018 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ।ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇ ਅਤੇ ਅਪੀਲਕਰਤਾ ਨੂੰ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਬਾਰੇ ਸਲਾਹ ਦਿੱਤੀ ਗਈ ਸੀ।

3. ਉੱਤਰਦਾਤਾ ਵੱਲੋ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਭੇਜੀ ਹੋਈ ਹੈ। ਅਪੀਲਕਰਤਾ ਵੀ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਜਾਂ ਸੂਚਨਾ ਵਿੱਚ ਪਾਈ ਗਈ ਕਿਸੇ ਤਰੁੱਟੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਇਹ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 02 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਾਧੂ ਰਾਮ ਕੁਸਲਾ, (98140-75358)
ਪੁੱਤਰ ਸ਼੍ਰੀ ਰਾਮ ਚੰਦ ਬਾਂਸਲ,
138, ਵੀਰ ਕਲੌਨੀ (ਇੰਦਰਾ ਲੌਜ), ਬਠਿੰਡਾ --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ,ਪੰਜਾਬ,
ਸੈਕਟਰ 68 ਮੁਹਾਲੀ।

ਪਹਿਲੀ ਅਪੀਲੀ ਅਥਾਰਟੀ ,
ਮੱਖ ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ,
ਸੈਕਟਰ 68 ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ; 2780 /2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਰਜਿੰਦਰ ਸਿੰਘ (94632-00720)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (9888-05958)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-03-2018, ਲੋਕ ਸੂਚਨਾ ਅਧਿਕਾਰੀ ਦਫਤਰ ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ,ਪੰਜਾਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਿਜੀਲੈਂਸ ਇੰਨਕੁਆਰੀ ਨੰ:11/2015-ਜਲੰਧਰ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-09-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 09-10-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਪੱਤਰ ਨੰ:38286/ਵਬ/ਐਸ-14, ਮਿਤੀ 03-10-2018 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ੀਸ਼ ਕਪੂਰ, (99150-77155)
ਮਕਾਨ ਨੰ:695, ਪਹਿਲੀ ਮੰਜ਼ਿਲ ਅਨੈਕਸੀ,
ਫੇਸ-2, ਮੁਹਾਲੀ।                                                  -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ ਰਜਿਸਟਰਾਰ ਪਟਿਆਲਾ ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ (ਜਰਨਲ), ਪਟਿਆਲਾ।                                -------ਉੱਤਰਦਾਤਾ

**ਅਪੀਲ ਕੇਸ ਨੰ: 3107/2018**

**ਹਾਜ਼ਰ:-**

1) ਸ਼੍ਰੀ ਅਸ਼ੀਸ਼ ਕਪੂਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-05-2018, ਲੋਕ ਸੂਚਨਾ ਅਧਿਕਾਰੀ ਦਫਤਰਸਬ ਰਜਿਸਟਰਾਰ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿਛਲੇ 6 ਸਾਲਾਂ ਦੌਰਾਨ ਪਟਿਆਲਾ ਜ਼ਿਲ੍ਹੇ ਵਿੱਚ ਸਥਿਤ ਵੇਚੀਆਂ ਗਈਆਂ ਰਿਹਾਇਸ਼ੀ ਜਾਇਦਾਦਾਂ ਦੀ ਰਜਿਸਟਰੇਸ਼ਨ ਤੋਂ ਪ੍ਰਾਪਤ ਹੋਏ ਮਾਲੀਏ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਦਫ਼ਤਰੀ ਰਿਕਾਰਡ ਨੂੰ ਵਾਚਣ ਪਤਾ ਚਲਦਾ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਹਾਜ਼ਰ ਸ਼੍ਰੀ ਅਸ਼ੀਸ਼ ਕਪੂਰ, ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਪਟਿਆਲਾ ਨੂੰ ਛੱਡ ਕੇ ਬਾਕੀ ਸੂਚਨਾ ਮਿਲ ਗਈ ਹੈ ਪਰੰਤੂ ਉਸ ਨੇ ਇਹ ਵੀ ਕਿਹਾ ਹੈ ਕਿ ਉਸ ਨੂੰ ਉਸ ਦੀ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਸਬ ਤਹਿਸੀਲਦਾਰ ਪਟਿਆਲਾ ਦੇ ਦਫ਼ਤਰ ਵੱਲੋਂ ਈ.ਮੇਲ ਮਿਤੀ 28-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਦਫ਼ਤਰ ਤਹਿਸੀਲਦਾਰ ਪਟਿਆਲਾ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਜੁਲਾਈ, 2019.**                    **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਛੱਰੂ ਬਾਂਸਲ, ਐਡਵੋਕੇਟ, (93161-52052)
ਵਾਸੀ ਗਾਇਤਰੀ ਭਵਨ, ਸਟੇਟ ਬੈਂਕ ਸਟਰੀਟ,
ਸਮਾਣਾ, ਜ਼ਿਲ੍ਹਾ ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ
ਡਿਪਟੀ ਕਮਿਸ਼ਨਰ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:3655 /2018**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-03-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਉਪ ਕਪਤਾਨ, ਪੁਲਿਸ, ਦਿੜ੍ਹਬਾ ਵੱਲੋ ਵੱਖ-ਵੱਖ ਮਿਤੀਆਂ ਤੇ ਵੱਖ-ਵੱਖ ਅਧਿਕਾਰੀਆਂ ਨੂੰ ਭੇਜੇ ਗਏ ਪੱਤਰਾਂ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਵੀ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਸਬ ਰਜਿਸਟਰਾਰ, ਪਟਿਆਲਾ ਵੱਲੋਂ ਆਪਣੇ ਪੱਤਰ ਨੰ:32/ਆਰ.ਸੀ./ਆਰ.ਟੀ.ਆਈ., ਮਿਤੀ 27-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:64/ਆਰ.ਸੀ., ਮਿਤੀ 06-08-201 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਇਹ ਵੀ ਲਿਖਿਆ ਹੋਇਆ ਹੈ ਕਿ ਜੇਕਰ ਉਸ ਨੂੰ ਕੋਈ ਹੋਰ ਦਸਤਾਵੇਜਾਂ ਦੀ ਜ਼ਰੂਰਤ ਹੋਵੇ ਤਾਂ ਉਹ ਕਿਸੇ ਕੰਮ ਵਾਲੇ ਦਿਨ ਉੱਤਰਦਾਤਾ ਦੇ ਦਫ਼ਤਰ ਜਾ ਕੇ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਲੋੜੀਂਦੇ ਡਾਕੂਮੈਂਟ ਦੀ ਕਾਪੀ ਪ੍ਰਾਪਤ ਕਰ ਸਕਦਾ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। **ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।**

3. ਉਕਤ ਤੋਂ ਇਲਾਵਾ ਇਹ ਵੀ ਵੇਖਿਆ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ -ਕਮ-ਜ਼ਿਲ੍ਹਾ ਮਾਲ ਅਫਸਰ ਦਫ਼ਤਰ ਡਿਪਟੀ ਕਮਿਸ਼ਨਰ, ਪਟਿਆਲਾ ਵੱਲੋਂ ਆਪਣੇ ਪੱਤਰ ਨੰ:615-616/ਆਰ.ਟੀ.ਆਈ., ਮਿਤੀ ਜੂਨ,2019 ਰਾਹੀਂ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਪਟਿਆਲਾ ਨੂੰ ਇਸ ਕੇਸ ਦੀ ਪੈਰਵੀ ਲਈ ਹਦਾਇਤਾਂ ਜਾਰੀ ਕਰਨ ਦੇ ਬਾਵਜੂਦ ਵੀ ਕੋਈ ਅਧਿਕਾਰੀ/ਕਰਮਚਾਰੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਪਟਿਆਲਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 02 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਮਾਕਾਂਤ ਤ੍ਰਿਪਾਠੀ, (ਮੋਬ:9988295255)
ਮਕਾਨ ਨੰ:ਸੀ-323, ਕਿਲਾ ਰੋਡ,
ਪਿੰਡ ਤੇ ਡਾਕਖਾਨਾ ਨੰਗਲਭੂਰ,
ਪਠਾਨਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਠਾਨਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਬਾਰਡਰ ਰੇਂਜ, ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:954/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲ ਸਿੰਘ, ਏ.ਐਸ.ਆਈ. (98723-49247)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਪਠਾਨਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਮੋਨਿਕਾ ਧਿਮਾਨ, ਟੀ.ਜੀ.ਟੀ. ਇੰਗਲਿਸ਼ ਵੱਲੋਂ ਅਪੀਲਕਰਤਾ ਵਿਰੁੱਧ ਪੁਲਿਸ ਚੌਕੀ ਹੁਣ ਪੁਲਿਸ ਸਟੇਸ਼ਨ ਨੰਗਲਭੂਰ ਵਿੱਚ ਕੀਤੀਆਂ ਗਈਆਂ ਸਾਰੀਆਂ ਸ਼ਿਕਾਇਤਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-04-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 28-05-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲ ਸਿੰਘ, ਏ.ਐਸ.ਆਈ. ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:134/ਆਰ.ਟੀ.ਆਈ., ਮਿਤੀ 23-05-2019 ਰਾਹੀਂ ਰਜਿਸਟਰਡ ਡਾਕ ਦੁਆਰਾ ਮਿਤੀ 24-05-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:136/ਆਰ.ਟੀ.ਆਈ., ਮਿਤੀ 24-05-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਸੀ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:954/2019**

ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 02-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲ ਸਿੰਘ, ਏ.ਐਸ.ਆਈ. ਨੇ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 28-05-2019 ਅਨੁਸਾਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉੱਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 02 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਕੇਸ਼ ਕੁਮਾਰ ਗੁਪਤਾ, (98149-24851)
8/237, ਜਗਰਾਓਂ ਰੋਡ,
ਮੰਡੀ ਮੁੱਲਾਂਪੁਰ, ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ (ਪੱਛਮੀ)
ਜ਼ੋਨ-ਡੀ, ਨਗਰ ਨਿਗਮ ਬਿਲਡਿੰਗ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਖੁਰਾਕ ਸਿਵਲ ਸਪਲਾਈਜ਼
ਤੇ ਖਪਤਕਾਰ ਮਾਮਲੇ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1842/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਿਰਪਕਸ਼ ਮੱਟੂ, ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ (92175-00019) ਅਤੇ ਸ਼੍ਰੀ ਜ਼ਸਵਿੰਦਰ ਸਿੰਘ, ਇੰਸਪੈਕਟਰ (98147-07111)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-12-2017, ਲੋਕ ਸੂਚਨਾ ਅਧਿਕਾਰੀ-ਕਮ-ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ (ਪੱਛਮੀ) ਜ਼ੋਨ-ਡੀ, ਨਗਰ ਨਿਗਮ ਬਿਲਡਿੰਗ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਰਕੀਟ ਕਮੇਟੀ ਅਤੇ ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ ਦਾਖਾ (ਲੁਧਿਆਣਾ) ਦੇ ਅਧਿਕਾਰ ਖੇਤਰ ਅਧੀਨ ਜ਼ਿਲ੍ਹਾ ਲੁਧਿਆਣਾ ਦੇ ਮੈਸ: ਆਰੀਅਨ ਇੰਡਸਟ੍ਰੀਜ਼, ਪ੍ਰਕਾਸ਼ ਰਾਈਸ ਮਿੱਲ, ਸਿੰਗਲਾ ਐਗਰੋ ਫੂਡਸ ਅਤੇ ਕੇ.ਐਲ.ਐਗਰੋ ਇੰਡਸਟ੍ਰੀਜ਼ ਦੇ ਲਾਇਸੰਸਾਂ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-07-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 23-08-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 29-05-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਨਿਰਪਕਸ਼ ਮੱਟੂ, ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਸਾਰੀ ਸੂਚਨਾ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਹੋਈ ਹੈ ਪਰੰਤੂ ਉਸ ਨੇ ਕਿਹਾ ਸੀ ਕਿ ਉਹ ਨੁਕਤਾ ਨੰ:2 ਨੂੰ ਛੱਡ ਕੇ ਬਾਕੀ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਉਸ ਨੇ ਕਿਹਾ ਸੀ ਕਿ ਉਸ ਨੂੰ ਨੁਕਤਾ ਨੰ:2 ਬਾਰੇ ਸੂਚਨਾ ਮੁਹੱਈਆ ਕਰਵਾਈ ਜਾਵੇ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਸੀ ਕਿ ਨੁਕਤਾ ਨੰ:2 ਬਾਰੇ ਸੂਚਨਾ ਨਹੀਂ ਦਿੱਤੀ ਜਾ ਸਕਦੀ ਕਿਉਂਕਿ ਇਹ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੈ ਅਤੇ ਤੀਜੀ ਧਿਰ (ਰਾਈਸ ਮਿੱਲਰਾਂ) ਵੱਲੋਂ ਆਪਣੇ ਪੱਤਰ, ਮਿਤੀ 20-03-2018 ਰਾਹੀਂ ਲਿਖ ਕੇ ਬੇਨਤੀ ਕੀਤੀ ਗਈ ਹੈ ਕਿ ਉਨ੍ਹਾਂ ਨਾਲ ਸਬੰਧਤ ਸੂਚਨਾ ਅਪੀਲਕਰਤਾ ਨੂੰ ਨਾ ਦਿੱਤੀ ਜਾਵੇ। ਅਪੀਲਕਰਤਾ ਨੇ ਕਿਹਾ ਸੀ ਕਿ ਨੁਕਤਾ ਨੰ:2 ਸਬੰਧੀ ਸੂਚਨਾ ਤੀਜੀ ਧਿਰ ਨਾਲ ਸਬੰਧਤ ਸੂਚਨਾ ਨਹੀਂ ਬਣਦੀ ਅਤੇ ਉਹ ਇਸ ਦੀ ਪ੍ਰੋੜ੍ਹਤਾ ਵਿੱਚ ਅਦਾਲਤ ਦੀ ਰੂਲਿੰਗ ਵੀ ਪੇਸ਼ ਕਰ ਸਕਦਾ ਹੈ। ਕੇਵਲ ਨੁਕਤਾ ਨੰ:2 ਬਾਰੇ ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 02-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 02-07-2019 ਦੁਆਰਾ ਅੱਜ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਬੇਨਤੀ ਕੀਤੀ ਗਈ ਹੈ ਕਿ ਬਾਕੀ ਰਹਿੰਦੀ ਸੂਚਨਾ ਉਸ ਨੂੰ ਮੋਬਾਇਲ ਨੰ:98149-24851 ਤੇ ਕਾਲ ਕਰਕੇ ਜਾਂ ਈ.ਮੇਲ (rakeshmlp@gmail.com.) ਰਾਹੀਂ ਮੁਹੱਈਆ ਕਰਵਾਈ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਿਰਪਕਸ਼ ਮੱਟੂ, ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ ਨੇ ਆਪਣੇ ਲਿਖਤੀ ਬਿਆਨ, ਮਿਤੀ 02-07-2019 ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਇਸ ਕੇਸ ਵਿੱਚ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਮਹਿਮਕਮੇ ਵੱਲੋਂ ਸ਼੍ਰੀਮਤੀ ਵਿਨੈ ਕਪੂਰ ਮਹਿਰਾ ਜੀ ਦੀ ਕੋਰਟ ਵਿੱਚ ਮੁਹੱਈਆ ਕਰਵਾ ਦਿੱਤੀ ਗਈ ਸੀ, ਪਰੰਤੂ ਬਾਅਦ ਵਿੱਚ ਸ਼੍ਰੀ ਰਾਕੇਸ਼ ਕੁਮਾਰ ਗੁਪਤਾ ਵੱਲੋਂ ਇਹ ਕਹਿ ਦਿੱਤਾ ਗਿਆ ਕਿ ਉਸ ਨੂੰ ਉਕਤ ਕੇਸ ਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਬਾਅਦ ਮਹਿਕਮੇ ਵੱਲੋਂ ਕੋਰਟ ਦੇ ਹੁਕਮ ਅਨੁਸਾਰ ਰਜਿਸਟਰਡ ਡਾਕ ਰਾਹੀਂ ਮਿਤੀ 28-02-2019 ਨੂੰ ਸੂਚਨਾ ਭੇਜੀ ਗਈ ਹੈ। ਇਸ ਉਪਰੰਤ ਸ਼੍ਰੀ ਰਾਕੇਸ਼ ਕੁਮਾਰ ਗੁਪਤਾ ਵੱਲੋਂ ਦੱਸੇ ਗਏ ਇਤਰਾਜ਼ਾਂ ਸਬੰਧੀ ਸੂਚਨਾ ਮਿਤੀ 28-05-2019 ਨੂੰ ਇਸ ਕੋਰਟ ਵਿੱਚ ਮੁਹੱਈਆ ਕਰਵਾ ਦਿੱਤੀ ਗਈ ਸੀ। ਜਿੱਥੋਂ ਤੱਕ ਲੜੀ ਨੰ:2 ਦੀ ਸੂਚਨਾ ਨਾ ਦੇਣ ਬਾਰੇ ਸ਼੍ਰੀ ਰਾਕੇਸ਼ ਕੁਮਾਰ ਗੁਪਤਾ ਵੱਲੋਂ ਇਤਰਾਜ਼ ਜਤਾਇਆ ਗਿਆ ਹੈ, ਇਸ ਬਾਰੇ ਇਹ ਦੱਸਿਆ ਗਿਆ ਹੈ ਕਿ ਇਹ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੋਣ ਕਰਕੇ ਨਹੀਂ ਦਿੱਤੀ ਜਾ ਸਕਦੀ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਲਿਖਤੀ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਅੱਜ ਆਪਣੇ ਲਿਖਤੀ ਬਿਆਨ, ਮਿਤੀ 02-07-2019 ਰਾਹੀਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 02 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਵੀਰ ਕੌਰ ਵਾਲੀਆ,
ਪਤਨੀ ਲੇਟ ਸ਼੍ਰੀ ਅਸ਼ੋਕ ਵਾਲੀਆ,
ਮਕਾਨ ਨੰ:126, ਗਲੀ ਨੰ:5,
ਨੌਰਥ ਅਸਟੇਟ, ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਲੋਕ ਸੂਚਨਾ ਅਧਿਕਾਰੀ, (ਨਾਂ ਤੇ)
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 491/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ (76961-45446)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-38959)।

**ਹੁਕਮ:**

ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਨੇ ਪੱਤਰ ਨੰ:20/04-2019 ਗਰਾਂਟ-1(4), ਮਿਤੀ 02-07-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕੀਤੀ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ।ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਪੱਤਰ ਨੰ:85(5)-2/4-99 ਗਰਾਂਟ-1(4), 12/15-93ਗ-1(4), ਮਿਤੀ 24-04-1995 ਅਤੇ ਪੱਤਰ ਨੰ:11/30-82 ਗਰਾਂਟ-2(4), ਮਿਤੀ 03-06-2003 ਦੀਆਂ ਕਾਪੀਆਂ ਦੀ ਮੰਗ ਕੀਤੀ ਗਈ ਹੈ ਜੋ ਕਿ ਲਗਭੱਗ ਕਾਫੀ ਪੁਰਾਣੀ ਹੈ ਅਤੇ ਇਹ ਪੱਤਰ ਦਫਤਰ ਦੇ ਰਿਕਾਰਡ ਵਿੱਚ ਨਹੀਂ ਹਨ।

2. ਦਫ਼ਤਰੀ ਰਿਕਾਰਡ ਤੋਂ ਇਹ ਵੀ ਪਾਇਆ ਗਿਆ ਹੈ ਕਿ ਕਮਿਸ਼ਨ ਤੇ ਹੁਕਮ, ਮਿਤੀ 03-06-2019 ਰਾਹੀਂ ਲੋਕ ਸੂਚਨਾ ਅਧਿਕਾਰੀ, (ਨਾਂ ਤੇ) ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਸਿੱਖਿਆ ਭਵਨ, ਮੁਹਾਲੀ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਸੀ ਪਰੰਤੂ ਸਬੰਧਤ ਅਧਿਕਾਰੀ ਵੱਲੋਂ ਅਜੇ ਤੱਕ ਕਾਰਨ ਦੱਸੋ ਨੋਟਿਸ ਦਾ ਜਵਾਬ ਪੇਸ਼ ਨਹੀਂ ਕੀਤਾ ਗਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਕਾਰਨ ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਦਾ ਆਖਰੀ ਮੌਕਾ ਦਿੰਦੇ ਹੋਏ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਰਿਕਾਰਡ ਵਿੱਚ ਮੌਜੂਦ ਨਾ ਹੋਣ ਬਾਰੇ ਹਲਫੀਆ-ਬਿਆਨ ਵੀ ਪੇਸ਼ ਕੀਤਾ ਜਾਵੇ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 02 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਰਮੇਸ਼ ਕੁਮਾਰ ਸਿਡਾਨਾ,
ਪੁੱਤਰ ਸ਼੍ਰੀ ਲਾਲ ਚੰਦ ਸਿਡਾਨਾ,
ਗਲੀ ਨੰ:7, ਤੀਜਾ ਕਾਰਸਿੰਗ,
ਪੁਰਾਣੀ ਸੂਰਜ ਨਗਰੀ, ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਆਯੁਰਵੈਦਿਕ ਵਿਭਾਗ, ਪੰਜਾਬ,
ਐਸ.ਸੀ.ਓ. ਨੰ:823-24,
ਸੈਕਟਰ 22-ਏ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ,
ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:3945/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੂਬਲ ਸ਼ਰਮਾ, ਕਲਰਕ (98880-45677)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-04-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਆਯੂਰਵੈਦਿਕ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜ਼ਿਲ੍ਹਾ ਆਯੂਰਵੈਦਿਕ/ਯੂਨਾਨੀ ਅਫਸਰ, ਫਿਰੋਜ਼ਪੁਰ ਵੱਲੋਂ ਡਾਇਰੈਕਟਰ, ਆਯੂਰਵੈਦਾ ਪੰਜਾਬ ਨੂੰ ਭੇਜੇ ਗਏ ਪੱਤਰ ਨੰ:3181, ਮਿਤੀ 01-09-2015 ਅਤੇ ਡਾਇਰੈਕਟਰ, ਆਯੂਰਵੈਦਾ ਪੰਜਾਬ ਵੱਲੋਂ ਪੇ ਫਿਕਸੇਸ਼ਨ ਸਬੰਧੀ ਜਾਰੀ ਕੀਤੇ ਗਏ ਪੱਤਰ ਨੰ:ਆਯੂ.ਈ.1 ਪੰਬ-2015/35423-26, ਮਿਤੀ 30-03-2015 ਅਤੇ ਆਪਣੀ ਸੇਵਾ ਪੱਤਰੀ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 04-06-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੂਬਲ ਸ਼ਰਮਾ, ਕਲਰਕ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਮਿਤੀ 24-01-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਇੱਕ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 02-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੂਬਲ ਸ਼ਰਮਾ, ਕਲਰਕ ਨੇ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 04-06-2019 ਅਨੁਸਾਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੱਟੀ ਬਾਰੇ ਉੱਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**3945/2018

ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 02 **ਜੁਲਾਈ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ਬੀਨਾ ਬੇਗਮ, (9888475101)
ਪਤਨੀ ਸ਼੍ਰੀ ਸਲੀਮ, ਵਾਸੀ ਦਰਗਾਹ ਰੋਜ਼ਾ ਸ਼ਰੀਫ,
ਲੱਖ ਦਾਤਾ, ਲਾਲਾਂ ਵਾਲਾ ਪੀਰ, ਹਰੀਪੁਰ ਰੋਡ, ਸੰਗਰੂਰ।                ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ।                -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:185/2019**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

